# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 13-09-2024**

ਭਾਜਪਾ ਪੰਜਾਬ ਦੇ ਕਿਸਾਨ ਮੋਰਚਾ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਨੈਨੇਵਾਲ ਨੇ ਕਿਹਾ ਏ ਕਿ ਮੋਦੀ ਸਰਕਾਰ ਵਲੋਂ ਦੇਸ਼ ਭਰ ਦੇ ਕਿਸਾਨਾਂ ਲਈ ਕਈ ਸਕੀਮਾਂ ਅਤੇ ਯੋਜਨਾਵਾਂ ਚਲਾਈਆ ਜਾ ਰਹੀਆ ਨੇ . ਉਨ੍ਹਾਂ ਪੰਜਾਬ ਦੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਮੋਦੀ ਸਰਕਾਰ ਦੀ ਕਿਸਾਨੀ ਨਾਲ ਸੰਬੰਧਿਤ ਸਕੀਮਾਂ ਅਤੇ ਯੋਜਨਾਵਾਂ ਨੂੰ ਹਾਸਿਲ ਕਰਨ ਵਿਚ ਕੋਈ ਸਮੱਸਿਆ ਜਾਂ ਅੜਚਨ ਪੇਸ਼ ਆਉਂਦੀ ਏ, ਤਾਂ ਉਹ ਪੰਜਾਬ ਬੀਜੇਪੀ ਆਗੂਆਂ ਨਾਲ ਸੰਪਰਕ ਵੀ ਕਰ ਸਕਦੇ ਨੇ । ਨੈਨੇਵਾਲ ਨੇ ਕਿਹਾ ਕਿ ਮੋਦੀ

ਸਰਕਾਰ ਵਲੋਂ ਕਿਸਾਨਾਂ ਨੂੰ ਸਬਸਿਡੀ ਅਤੇ ਪੀ.ਐੱਮ. ਕਿਸਾਨ ਸਨਮਾਨ ਨਿਧੀ ਤਹਿਤ ਸਾਲਾਨਾ 6,ਹਜ਼ਾਰ ਰੁਪਏ ਦਾ ਭੱਤਾ, ਖੇਤੀ ਨਾਲ ਸੰਬੰਧਤ ਸੰਦਾਂ ‘ਤੇ ਸਬਸਿਡੀ, ਸੋਲਰ ਪੰਪ ਲਈ ਸਬਸਿਡੀ, ਫ਼ਸਲਾਂ ਦੀ ਸਬਸਿਡੀ, ਫ਼ਸਲਾਂ ਦਾ ਬੀਮਾ, ਸਾਉਣੀ ਦੇ ਸੀਜ਼ਨ ਲਈ 1.08 ਲੱਖ ਕਰੋੜ ਰੁਪਏ ਦੀ ਖਾਦ ਸਬਸਿਡੀ ਆਦਿ ਯੋਜਨਾਵਾਂ ਸ਼ਾਮਿਲ ਨੇ . ਉਨ੍ਹਾਂ

ਕਿਸਾਨਾਂ ਨੂੰ ਮੋਦੀ ਸਰਕਾਰ ਦੀ ਹਰੇਕ ਸਕੀਮ ਅਤੇ ਯੋਜਨਾ ਦਾ ਫਾਇਦਾ ਚੁੱਕਣ ਦੀ ਅਪੀਲ ਕੀਤੀ ਉਨਾਂ ਕਿਹਾ ਕਿਹਾ ਸੂਬੇ ਦੀ ਆਮ ਆਦਮੀ ਪਾਰਟੀ
ਸਰਕਾਰ ਕਿਸਾਨਾਂ ਨੂੰ ਮੋਦੀ ਸਰਕਾਰ ਵਲੋਂ ਮਿਲਣ ਵਾਲੀ ਸਕੀਮਾਂ ਤੋਂ ਅਣਜਾਣ ਰੱਖ ਕੇ ਉਨਾਂ ਨੂੰ ਖੁਸ਼ਹਾਲ ਰੱਖਣ ਦੀ ਬਜਾਏ ਨਾਮੋਸ਼ੀ ਵੱਲ ਧੱਕ ਰਹੀ ਏ , ਜਿਸਦੇ ਚਲਦਿਆਂ ਪੰਜਾਬ ਵਿਚ ਕਿਸਾਨ ਆਏ ਦਿਨ ਧਰਨੇ ਪ੍ਰਦਰਸ਼ਨ ਲਈ ਮਜਬੂਰ ਨੇ .

---------------------------------------------------

ਭਾਰਤ ਨੂੰ ਰੋਗ ਮੁਕਤ ਕਰਕੇ ਵਿਕਾਸ ਤੇ ਲੈ ਜਾਣ ਦੇ ਮਕਸਦ ਨਾਲ ਕੇਂਦਰ ਸਰਕਾਰ ਵਲੋਂ ਆਯੂਸ਼ਮਾਨ ਭਾਰਤ ਯੋਜਨਾ ਚਲਾਈ ਜਾ ਰਹੀ ਏ ,ਤੇ ਹੁਣ ਇਸ ਯੋਜਨਾ ਵਿੱਚ 70 ਸਾਲ ਤੋਂ ਵਧੇਰੇ ਉਮਰ ਦੇ ਨਾਗਰਿਕਾਂ ਨੂੰ ਵੀ ਸ਼ਾਮਿਲ ਕੀਤਾ ਗਿਆ ਏ। ਰੂਪਨਗਰ ਜਿਲੇ ਵਿਚ ਸਹਿਤ ਵਿਭਾਗ ਵਲੋਂ ਆਯੂਸ਼ਮਾਨ ਭਾਰਤ ਯੋਜਨਾ ਦੇ ਲਈ, 92 ,425 ਯੋਗ ਲਾਭਪਾਤਰੀ ਪਰਿਵਾਰਾਂ ਨੂੰ ਜੋੜਿਆ ਗਿਆ ਏ | ਜਿਲ੍ਹੇ ਭਰ ਦੇ 2 ਲੱਖ 38 ਹਜ਼ਾਰ 522 ਲੋਕਾਂ ਦੇ ਆਯੁਸ਼ਮਾਨ ਕਾਰਡ ਬਣਾਏ ਗਏ ਨੇ ।ਇਸ ਯੋਜਨਾ ਦੇ ਜਿਲ੍ਹਾ ਨੋਡਲ ਅਫ਼ਸਰ , ਡਿਪਟੀ ਮੈਡੀਕਲ ਕਮਿਸ਼ਨਰ ਰੂਪਨਗਰ ਡਾਕਟਰ ਬਲਦੇਵ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਵਿਚ ਵਧੀਆ ਕਾਰਗੁਜ਼ਾਰੀ ਦੇ ਚਲਦਿਆਂ ਰੂਪਨਗਰ ਜਿਲ੍ਹਾ

ਪੰਜਾਬ ਭਰ ਚ ਛੇਵੇਂ ਨੰਬਰ ਤੇ ਏ ।ਉਨ੍ਹਾਂ ਦੱਸਿਆ ਕਿ ਆਯੁਸ਼ਮਾਨ ਯੋਜਨਾ ਦੇ ਅਧੀਨ ਰੂਪਨਗਰ ਜ਼ਿਲੇ ਵਿੱਚ 7 ਸਰਕਾਰੀ ਹਸਪਤਾਲਾਂ ਤੋਂ ਇਲਾਵਾ 20 ਨਿੱਜੀ ਹਸਪਤਾਲਾਂ ਦੇ ਵਿੱਚ ਲਾਭਪਾਤਰੀਆਂ ਦਾ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ। ਰੂਪਨਗਰ ਦੇ ਸੀਨੀਅਰ ਸਿਟੀਜਨ ਅਤੇ ਰਿਟਾਇਰਡ ਕਰਮਚਾਰੀਆਂ ਆਦਿ ਨੇ 70 ਸਾਲ ਦੇ ਬਜ਼ੁਰਗਾਂ ਨੂੰ ਸ਼ਾਮਿਲ ਕਰਨ ਤੇ ਸਰਕਾਰ ਦਾ ਧੰਨਵਾਦ ਕੀਤਾ ਏ ।

---------------------------------------------------------

ਫਸਲੀ ਰਹਿੰਦ ਖੂੰਹਦ ਸੰਭਾਲ ਸਕੀਮ ਤਹਿਤ ਜ਼ਿਲਾ ਪ੍ਰਸ਼ਾਸ਼ਣ ਵੱਲੋਂ ਜ਼ਿਲਾ ਫਰੀਦਕੋਟ ਨੂੰ ਪ੍ਰਦੂਸ਼ਣ ਮੁਕਤ ਬਨਾਉਣ ਲਈ ਆਰੰਭੀ ਗਈ ਮੁਹਿੰਮ ਤਹਿਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਿੰਡ ਪੰਜ-ਗਰਾਈਂ ਕਲਾਂ ਵਿੱਚ ਕਿਸਾਨਾਂ ਨਾਲ ਚਰਚਾ ਲਈ ਵਿਸ਼ੇਸ਼ ਕੈਂਪ ਲਾਇਆ ਗਿਆ। ਕੈਂਪ ਵਿੱਚ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਕਿਸਾਨਾਂ ਅਤੇ ਆਮ ਨਾਗਰਿਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੇਕਰ ਮਿੱਟੀ ਦੀ ਸਿਹਤ ਤੰਦਰੁਸਤ ਹੋਵੇਗੀ ਤਾਂ ਪੈਦਾ ਹੋਇਆ ਅਨਾਜ ਵੀ ਮਿਆਰੀ ਹੋਵੇਗਾ। ਉਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਵਿਚ ਬਹੁਤ ਸਾਰੇ ਖੁਰਾਕੀ ਤੱਤ ਮੌਜੂਦ ਹੁੰਦੇ

ਨੇ ਜੋਂ ਅੱਗ ਲੱਗਣ ਕਾਰਨ ਖਤਮ ਹੋ ਜਾਂਦੇ ਨੇ . ਉਨ੍ਹਾਂ ਕਿਹਾ ਕਿ ਇਨ੍ਹਾਂ ਖੁਰਾਕੀ ਤੱਤਾਂ ਨੂੰ ਜ਼ਮੀਨ ਵਿਚ ਵਾਪਿਸ ਪਹੁੰਚਾਉਣ ਦੀ ਜ਼ਰੂਰਤ ਏ ਤਾਂ ਜੋ ਖੁਰਾਕੀ ਤੱਤਾਂ ਨਾਲ ਭਰਪੂਰ ਅਨਾਜ ਪੈਦਾ ਕੀਤਾ ਜਾ ਸਕੇ। ਮੁੱਖ ਖ਼ੇਤੀਬਾੜੀ ਅਫ਼ਸਰ ਡਾ.ਅਮਰੀਕ ਸਿੰਘ ਨੇ ਕਿਹਾ ਕਿ ਚਾਲੂ ਸਾਲ 2024-25 ਦੌਰਾਨ ਜ਼ਿਲਾ ਪ੍ਰਸ਼ਾਸ਼ਣ ਵੱਲੋਂ ਜ਼ਿਲਾ ਫਰੀਦਕੋਟਵਿੱਚ ਝੋਨੇ ਦੀ ਪਰਾਲੀ ਨੂੰ ਜ਼ੀਰੋ ਪੱਧਰ ਤੇ ਲਿਜਾਣ ਲਈ ਵੱਡੀ ਪੱਧਰ ਤੇ ਜਾਗਰੁਕਤਾ ਮੁਹਿੰਮ ਸ਼ੁਰੂ ਕੀਤੀ ਗਈ ਏ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਸ ਵਾਰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾ ਕੇ ਚੁਗਿਰਦਾ ਸ਼ੁੱਧ ਕਰਨ ਵਿਚ ਆਪਣਾ ਬਣਦਾ ਯੋਗਦਾਨ ਪਾਈਏ ਤਾਂ ਜੋ ਜਿਲ੍ਹਾ ਫਰੀਦਕੋਟ ਨੂੰ ਨਮੂਨੇ ਦਾ ਜ਼ਿਲ੍ਹਾ ਬਣਾਇਆ ਜਾ ਸਕੇ।

--------------------------------------------------------

ਪੰਜਾਬ ਦੀ ਕਾਨੂੰਨੀ ਸੇਵਾਵਾਂ ਬਾਰੇ ਅਥਾਰਟੀ ਦੇ ਚੇਅਰਪਰਸਨ ਤੇ ਜ਼ਿਲ੍ਹਾ ਅਤੇ ਸੈਸ਼ਨ ਜੱਜ- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸੰਗਰੂਰ, ਮੁਨੀਸ ਸਿੰਗਲ ਅਤੇ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦਲਜੀਤ ਕੌਰ ਦੀ ਰਹਿਨੁਮਾਈ ਹੇਠ ਸਬ ਡਵੀਜਨ ਮਾਲੇਰਕੋਟਲਾ ਤਹਿਤ ਅਦਾਲਤਾਂ ਵੱਲੋਂ ਕੇਸਾਂ ਦੇ ਨਿਪਟਾਰੇ ਲਈ ਭਲਕੇ, 14 ਸਤੰਬਰ ਨੂੰ ਜ਼ਿਲ੍ਹਾ ਮਾਲੇਰਕੋਟਲਾ ਵਿਖੇ ਕੌਮੀ ਲੋਕ ਅਦਾਲਤ ਲਾਈ ਜਾਏਗੀ। ਇਹ

ਜਾਣਕਾਰੀ ਐਡੀਸ਼ਨਲ ਸਿਵਲ ਜੱਜ ਸੀਨੀਅਰ ਡਵੀਜ਼ਨ ਕਮ ਚੇਅਰਪਰਸਨ ਸਬ ਡਵੀਜ਼ਨ

ਲੀਗਲ ਸਰਵਿਸ ਅਥਾਰਟੀ ਮਾਲੇਰਕੋਟਲਾ ਰੂਪਾ ਧਾਲੀਵਾਲ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਤਹਿਤ ਲੋਕਾਂ ਦੀ ਸਹੂਲਤ ਲਈ ਕੋਰਟ ਕੰਪਲੈਕਸ ਵਿਖੇ ਚਾਰ ਬੈਂਚ ਕਾਇਮ ਕੀਤੇ ਜਾਣਗੇ। ਇਸ ਤੋਂ ਇਲਾਵਾ ਸਾਰੇ ਤਹਿਸੀਲ ਦਫ਼ਤਰਾਂ ਵਿਖੇ ਵੀ ਆਮ ਜਨਤਾ ਦੀ ਸਹੂਲਤ ਲਈ ਬੈਂਚ ਕਾਇਮ ਕੀਤੇ ਜਾਣਗੇ । ਉਨ੍ਹਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਦਾ ਮੁੱਖ ਉਦੇਸ਼ ਸਮਝੌਤੇ ਤੇ ਰਾਜ਼ੀਨਾਮੇ ਰਾਹੀਂ ਅਦਾਲਤੀ ਕੇਸਾਂ ਦਾ ਫ਼ੈਸਲਾ ਲਈ ਸ਼ਾਮਿਲ ਕੀਤੇ ਜਾਂਦੇ ਨੇ।

----------------------------------------------------

ਬੀਐਸਐਫ ਨੇ 12 ਸਤੰਬਰ ਨੂੰ, ਤਕਨੀਕੀ ਪ੍ਰਤੀਕਰਮ ਉਪਾਵਾਂ ਦੀ ਸਰਗਰਮੀ ਦੇ ਨਤੀਜੇ ਵਜੋਂ, ਤਰਨਤਾਰਨ ਸਰਹੱਦ 'ਤੇ ਇੱਕ ਡਰੋਨ ਘੁਸਪੈਠ ਨੂੰ ਸਫਲਤਾ ਨਾਲ ਬੇਅਸਰ ਕਰ ਦਿੱਤਾ। ਬਾਅਦ 'ਚ ਡਰੋਨ ਡਿੱਗਣ ਦੀ ਸੂਚਨਾ ਮਿਲਣ 'ਤੇ ਬੀਐੱਸਐੱਫ ਦੇ ਜਵਾਨਾਂ ਵੱਲੋਂ ਪੰਜਾਬ ਪੁਲਸ ਦੇ ਸਹਿਯੋਗ ਨਾਲ ਸ਼ੱਕੀ ਇਲਾਕੇ 'ਚ ਤਲਾਸ਼ੀ ਮੁਹਿੰਮ ਚਲਾਈ ਗਈ। ਸ਼ਾਮ 4 ਵਜ ਕੇ 43 ਮਿੰਟ ਦੇ ਕਰੀਬ, ਫੌਜੀਆਂ ਨੇ ਤਰਨਤਾਰਨ

ਦੇ ਪਿੰਡ ਗਿਲਪਨ ਦੇ ਨਾਲ ਲੱਗਦੇ ਖੇਤਾਂ ਵਿੱਚੋਂ 1 ਅਸੈਂਬਲਡ ਡਰੋਨ (ਕਵਾਡਕਾਪਟਰ) ਅਤੇ 1 ਵੱਡਾ ਪੈਕੇਟ ਸ਼ੱਕੀ ਹੈਰੋਇਨ ਜਿਸਦਾ ਕੁੱਲ ਵਜ਼ਨ- 6.230 ਕਿਲੋਗ੍ਰਾਮ ਸੀ, ਬਰਾਮਦ ਕੀਤਾ। ਜ਼ਿਲ੍ਹਾ। ਪੈਕੇਟ ਦੇ ਨਾਲ ਇੱਕ ਇਮਪ੍ਰੋਵਾਈਜ਼ਡ ਲੂਪ ਅਤੇ ਰੋਸ਼ਨੀ ਵਾਲੀਆਂ 2 ਛੜਾਂ ਵੀ ਮਿਲੀਆਂ ਨੇ . ਇਹ ਬਰਾਮਦਗੀ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਦੇ ਨਾਪਾਕ ਮਨਸੂਬਿਆਂ ਨੂੰ ਵੱਡਾ ਝਟਕਾ ਸਾਬਤ ਕਰਦੀ ਏ ।